# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 03-07-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਘਾਨਾ ਗਣਰਾਜ ਦੀ ਸੰਸਦ ਨੂੰ ਸੰਬੋਧਨ ਕੀਤਾ। ਪ੍ਰਧਾਨ ਮੰਤਰੀ ਨੇ ਭਾਰਤ ਨੂੰ ਲੋਕਤੰਤਰ ਦੀ ਜਨਣੀ ਦੱਸਿਆ
- ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੇ CHAIRPERSONS ਦੇ ਪਹਿਲੇ ਰਾਸ਼ਟਰੀ ਪੱਧਰੀ ਸੰਮੇਲਨ ਦਾ ਉਦਘਾਟਨ ਕੀਤਾ ।
- ਲੁਧਿਆਣਾ ਪੱਛਮੀ ਤੋਂ ਨਵੇਂ ਚੁਣੇ ਗਏ 'ਆਪ' ਵਿਧਾਇਕ ਸੰਜੀਵ ਅਰੋੜਾ ਨੇ ਅੱਜ ਸਨਅਤ ਵਿਭਾਗ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਵਿਭਾਗ ਦਾ ਚਾਰਜ ਸੰਭਾਲਿਆ.
- ਕਮਿਸ਼ਨਰੇਟ ਪੁਲਿਸ ਜਲੰਧਰ ਵਲੋਂ 5 ਕਿਲੋ ਤੋਂ ਵੱਧ ਹੈਰੋਇਨ, 2 ਕਿਲੋ ਅਫੀਮ ਅਤੇ ਗੈਰ-ਕਾਨੂੰਨੀ ਹਥਿਆਰਾਂ ਸਮੇਤ 5 ਗ੍ਰਿਫ਼ਤਾਰ.

- ਹਿਮਾਚਲ ਪ੍ਰਦੇਸ਼ ‘ਚ ਭਾਰੀ ਬਾਰਿਸ਼ ਨਾਲ ਸੰਬੰਧਿਤ ਘਟਨਾਵਾਂ ‘ਚ ਹੁਣ ਤਕ 63 ਲੋਕਾਂ ਦੀ ਮੌਤ. ਜ਼ਮੀਨ ਖਿਸਕਣ ਕਾਰਣ ਚਾਰ dham ਯਾਤਰਾ ਰੁਕੀ. ਮੌਸਮ ਵਿਭਾਗ ਮੁਤਾਬਿਕ ਪੰਜਾਬ ‘ਚ ਭਲਕੇ 4 ਤੇ 5 ਜੁਲਾਈ ਨੂੰ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਘਾਨਾ ਦੀ ਆਪਣੀ ਸਫਲ ਯਾਤਰਾ ਸਮਾਪਤ ਕਰਨ ਤੋਂ ਬਾਅਦ ਆਪਣੇ ਪੰਜ ਦੇਸ਼ਾਂ ਦੇ ਦੌਰੇ ਦੇ ਦੂਜੇ ੜਾਅ 'ਤੇ ਤ੍ਰਿਨੀਦਾਦ ਅਤੇ ਟੋਬੈਗੋ ਲਈ ਰਵਾਨਾ ਹੋ ਗਏ। ਰਵਾਨਾ ਹੋਣ ਤੋਂ ਪਹਿਲਾਂ, ਸ੍ਰੀ ਮੋਦੀ ਨੇ ਅੱਜ ਰਾਜਧਾਨੀ ਅਕਰਾ ਵਿੱਚ ਘਾਨਾ ਗਣਰਾਜ ਦੀ ਸੰਸਦ ਨੂੰ ਸੰਬੋਧਨ ਕੀਤਾ। ਇਸ ਮੌਕੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਘਾਨਾ ਦੇ ਸਬੰਧਾਂ ਦੀ ਕੋਈ ਸੀਮਾ ਨਹੀਂ ਏ , ਤੇ ਦੋਵਾਂ ਦੇਸ਼ਾਂ ਦੀ ਦੋਸਤੀ ਘਾਨਾ ਦੇ ਮਸ਼ਹੂਰ "ਸ਼ੂਗਰ ਲੋਫ ਅਨਾਨਾਸ" ਨਾਲੋਂ ਵੀ ਮਿੱਠੀ ਏ. ਲੋਕਤੰਤਰ 'ਤੇ ਬੋਲਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਨੂੰ ਲੋਕਤੰਤਰ ਦੀ ਜਨਣੀ ਦੱਸਿਆ, ਇੱਕ ਲੋਕਤੰਤਰੀ ਵਿਵਸਥਾ ਵਿੱਚ ਖੁੱਲ੍ਹੇਪਣ ਅਤੇ ਗੱਲਬਾਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ-BYTE ਉਨ੍ਹਾਂ ਨੇ ਭਾਰਤ ਦੀ ਵਿਸ਼ਾਲ ਵਿਭਿੰਨਤਾ ਨੂੰ ਇਸਦੇ ਲੋਕਤੰਤਰੀ ਤਾਣੇ-ਬਾਣੇ ਦੀ ਤਾਕਤ ਵਜੋਂ ਉਜਾਗਰ ਕੀਤਾ। ਭਾਰਤ ਲਈ ਲੋਕਤੰਤਰ ਸਿਰਫ਼

ਇੱਕ ਪ੍ਰਣਾਲੀ ਨਹੀਂ ਏ, ਇਹ ਸਾਡੇ ਬੁਨਿਆਦੀ ਕਦਰਾਂ ਕੀਮਤਾਂ ਦਾ ਇੱਕ ਹਿੱਸਾ ਏ। ਉਨ੍ਹਾਂ ਨੇ ਭਾਰਤ ਦੀ ਵਿਸ਼ਾਲ ਭਿੰਨਤਾ ਨੂੰ ਇਸਦੇ ਲੋਕਤੰਤਰੀ ਤਾਣੇ-ਬਾਣੇ ਦੀ ਤਾਕਤ ਦੱਸਿਆ. ਆਪਣੀ ਯਾਤਰਾ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੂੰ ਰਾਸ਼ਟਰਪਤੀ ਜੌਨ ਮਹਾਮਾ ਨੇ ਘਾਨਾ ਦੇ ਸਰਬੁਚ ਸਨਮਾਨ "ਦਿ ਆਫਿਸਰ ਆਫ਼ ਦ ਆਰਡਰ ਆਫ਼ ਦ ਸਟਾਰ ਆਫ਼ ਘਾਨਾ", ਨਾਲ ਵੀ ਸਨਮਾਨਿਤ ਕੀਤਾ .ਘਾਨਾ ਦੀ ਸੰਸਦ ਵਿੱਚ ਬੋਲਦੇ ਹੋਏ, ਪ੍ਰਧਾਨ ਮੰਤਰੀ ਨੇ 140 ਕਰੋੜ ਭਾਰਤੀਆਂ ਵੱਲੋਂ ਅਫ਼ਰੀਕੀ ਰਾਸ਼ਟਰ ਪ੍ਰਤੀ ਧੰਨਵਾਦ ਪ੍ਰਗਟ ਕੀਤਾ ਅਤੇ ਪੁਰਸਕਾਰ ਨਾਲ ਭਾਵਨਾਤਮਕ ਸਬੰਧ ਦਾ ਜ਼ਿਕਰ ਕੀਤਾ- byte -

--------------------------------------------------------

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਹਰਿਆਣਾ ਦੇ ਮਾਨੇਸਰ'ਚ International Centre for Automotive echnology, ਵਿਖੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੇ CHAIRPERSONS ਦੇ ਪਹਿਲੇ ਰਾਸ਼ਟਰੀ ਪੱਧਰ ਦੇ ਸੰਮੇਲਨ ਦਾ ਉਦਘਾਟਨ ਕੀਤਾ। ਇਸ ਦੋ ਦਿਨਾਂ ਕਾਨਫਰੰਸ ਦਾ ਵਿਸ਼ਾ ਏ ਸੰਵਿਧਾਨਕ ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰਨਿਰਮਾਣ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੀ ਭੂਮਿਕਾ। ਇਸ

ਮੌਕੇ 'ਤੇ ਬੋਲਦਿਆਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਸ਼ਹਿਰੀ ਸਥਾਨਕ ਸੰਸਥਾਵਾਂ ਲੋਕਤੰਤਰ ਦੇ ਸਭ ਤੋਂ ਮਜ਼ਬੂਤ ਥੰਮ੍ਹਾਂ ਵਿੱਚੋਂ ਇੱਕ ਨੇ. ਉਨ੍ਹਾਂ ਕਿਹਾ ਕਿ, ਇਨ੍ਹਾਂ ਸੰਸਥਾਵਾਂ ਨੂੰ ਮਜ਼ਬੂਤ ਕਰਨ ਨਾਲ ਲੋਕਾਂ ਦੀਆਂ ਜ਼ਰੂਰਤਾਂ ਅਤੇ ਇੱਛਾਵਾਂ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ। ਸ਼੍ਰੀ ਬਿਰਲਾ ਨੇ ਦੇਸ਼ ਦੇ ਲੋਕਤੰਤਰ ਨੂੰ ਹੋਰ ਮਜ਼ਬੂਤ ਕਰਨ ਲਈ ਸੰਸਦ ਤੋਂ ਲੈ ਕੇ ਸ਼ਹਿਰੀ ਸਥਾਨਕ ਸੰਸਥਾਵਾਂ ਤੱਕ ਦੇ ਸਦਨਾਂ ਵਿੱਚ ਕਾਰਵਾਈਆਂ ਦੇ ਸੁਚਾਰੂ ਸੰਚਾਲਨ 'ਤੇ ਵੀ ਜ਼ੋਰ ਦਿੱਤਾ- Byte ਇਸ ਮੌਕੇ ਬੋਲਦਿਆਂ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਕਿਹਾ ਕਿ ਕਾਨਫਰੰਸ ਵਿੱਚ ਚਰਚਾ ਲਈ ਚੁਣਿਆ ਗਿਆ ਵਿਸ਼ਾ ਲੋਕਤੰਤਰ ਦੀਆਂ ਜੜ੍ਹਾਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰੇਗਾ। ਉਨ੍ਹਾਂ ਕਿਹਾ ਕਿ, ਰਾਜਾਂ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਨਾਲ ਦੇਸ਼ ਦਾ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ। ਸ਼੍ਰੀ ਸਿੰਘ ਨੇ ਇਹ ਵੀ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਨੇ 100 ਸ਼ਹਿਰਾਂ ਦੀ ਪਛਾਣ ਕੀਤੀ ਏ ਤਾਂ ਜੋ ਉਨ੍ਹਾਂ ਨੂੰ ਸਮਾਰਟ ਸ਼ਹਿਰਾਂ ਵਿੱਚ ਵਿਕਸਤ ਕੀਤਾ ਜਾ ਸਕੇ ਅਤੇ ਹਰਿਆਣਾ ਸਰਕਾਰ ਫਰੀਦਾਬਾਦ ਅਤੇ ਕਰਨਾਲ ਨੂੰ ਸਮਾਰਟ ਸ਼ਹਿਰਾਂ ਵਜੋਂ ਵਿਕਸਤ ਕਰਨ 'ਤੇ ਕੰਮ ਕਰ ਰਹੀ ਏ - BYTE –

--------------------------------------------------

ਪੰਜਾਬ ਵਿੱਚ, ਲੁਧਿਆਣਾ ਪੱਛਮੀ ਤੋਂ ਨਵੇਂ ਚੁਣੇ ਗਏ 'ਆਪ' ਵਿਧਾਇਕ ਸੰਜੀਵ ਅਰੋੜਾ ਨੂੰ ਅੱਜ ਸਨਅਤ ਵਿਭਾਗ ਅਤੇ ਪ੍ਰਵਾਸੀ ਭਾਰਤੀਮਲਿਆਂ ਦੇ ਵਿਭਾਗ ਦਾ ਚਾਰਜ ਦਿੱਤਾ ਗਿਆ ਏ। ਇਸ ਤੋਂ ਪਹਿਲਾਂ, ਪੰਜਾਬ ਦੇ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਉਨ੍ਹਾਂ ਨੂੰ ਅਹੁਦੇ ਅਤੇ ਸਰਕਾਰੀ ਭੇਤ ਗੁਪਤ ਰਖਣ ਦੀ ਸਹੁੰ ਚੁਕਾਈ। ਉਨ੍ਹਾਂ ਦੇ ਸ਼ਾਮਲ ਹੋਣ ਨਾਲ, ਸੂਬੇ ਵਿੱਚ ਪਿਛਲੇ ਤਿੰਨ ਸਾਲਾਂ ਤੋਂ ਵੱਧ ਸਮੇਂ ਦੇ 'ਆਪ' ਸ਼ਾਸਨ ਵਿੱਚ ਇਹ ਪੰਜਾਬ ਕੈਬਨਿਟ ਦਾ ਸੱਤਵਾਂ ਪਸਾਰ ਏ. ਇਸ ਦੌਰਾਨ, ਪ੍ਰਵਾਸੀ ਭਾਰਤੀ ਮਾਮਲਿਆਂ ਦਾ ਚਾਰਜ ਸੰਭਾਲ ਰਹੇ ਕੁਲਦੀਪ ਸਿੰਘ ਧਾਲੀਵਾਲ ਨੇ ਖ਼ਬਰ ਮੁਤਾਬਿਕ ਆਪਣਾ ਅਸਤੀਫਾ ਦੇ ਦਿੱਤਾ ਏ। ਹਾਲਾਂਕਿ, ਆਪਣੇ 'ਐਕਸ' ਹੈਂਡਲ 'ਤੇ ਸਾਂਝੇ ਕੀਤੇ ਗਏ ਇੱਕ ਟਵੀਟ ਵਿੱਚ ਉਨ੍ਹਾਂ ਕਿਹਾ ਏ ਕਿ ਉਹ ਸੂਬੇ ਦੀ ਤਰੱਕੀ ਲਈ ਕੰਮ ਕਰਦੇ ਰਹਿਣਗੇ।

--------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ, ਕਮਿਸ਼ਨਰੇਟ ਪੁਲਿਸ ਜਲੰਧਰ ਨੇ ਵੱਖ-ਵੱਖ ਮਾਮਲਿਆਂ ਵਿੱਚ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ ਤੇ 5 ਕਿਲੋ ਤੋਂ ਵਧ ਹੈਰੋਇਨ, 2 ਕਿਲੋ ਅਫੀਮ, 1 ਦੇਸੀ ਪਿਸਤੌਲ ਅਤੇ 6 ਜ਼ਿੰਦਾ ਰੌਂਦ ਬਰਾਮਦ ਕੀਤੇ ਨੇ. ਇਸ ਸਬੰਧੀ ਜਾਣਕਾਰੀ

ਦਿੰਦਿਆਂ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਬੀਤੇ ਦਿਨੀਂ ਕਰਾਇਮ ਬ੍ਰਾਂਚ ਦੀ ਇੱਕ ਟੀਮ, ਨੇ ਇੱਕ ਸ਼ੱਕੀ ਵਿਅਕਤੀ ਨੂੰ ਕਾਬੂ ਕੀਤਾ, ਜਿਸਦੀ ਪਛਾਣ ਹਰਪਾਲ ਸਿੰਘ ਉਰਫ਼ ਪਾਲਾ ਵਜੋਂ ਹੋਈ ਏ ਜੋ ਛੇਹਰਟਾ ਦਾ ਰਹਿਣ ਵਾਲਾ ਏ। ਪੁਲਿਸ ਟੀਮ ਨੇ ਉਸ ਕੋਲੋਂ 5 ਕਿਲੋ ਹੈਰੋਇਨ ਬਰਾਮਦ ਕੀਤੀ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇੱਕ ਹੋਰ ਕਾਰਵਾਈ ਵਿੱਚ ਸੀ.ਆਈ.ਏ ਸਟਾਫ ਦੀ ਇੱਕ ਟੀਮ ਨੇ ਟਰਾਂਸਪੋਰਟ ਨਗਰ ਖੇਤਰ ਵਿੱਚ ਰੁਟੀਨ ਗਸ਼ਤ ਦੌਰਾਨ ਤਿੰਨ ਵਿਅਕਤੀਆਂ, ਸੁਸ਼ੀਲ ਕੁਮਾਰ ਉਰਫ਼ ਸੁਜਲ, ਮਨਦੀਪ ਸਿੰਘ ਤੇ ਗਗਨਦੀਪ ਸਿੰਘ ਨੂੰ ਗ੍ਰਿਫ਼ਤਾਰ ਕੀਤਾ, ਤੇ ਇਹਨਾਂ ਦੇ ਕਬਜ਼ੇ ਵਿੱਚੋਂ 2 ਕਿਲੋ ਅਫੀਮ ਬਰਾਮਦ ਕੀਤੀ. ਇਹਨਾਂ ਵਿਅਕਤੀਆਂ ਖਿਲਾਫ਼ ਮਾਮਲੇ ਦਰਜ ਕਰ ਲਏ ਗਏ ਨੇ. ਇੱਕ ਹੋਰ ਮਾਮਲੇ ਵਿੱਚ ਇੱਕ ਸਪੈਸ਼ਲ ਸੈੱਲ ਟੀਮ ਨੇ ਮਕਸੂਦਾਂ-ਨੰਦਨਪੁਰ ਰੋਡ ਇਲਾਕੇ ਵਿੱਚ ਗਸ਼ਤ ਕਰਦੇ ਸਮੇਂ ਅਸ਼ੋਕ ਨਗਰ ਦੇ ਨੇੜੇ ਇੱਕ ਸ਼ੱਕੀ ਵਿਅਕਤੀ ਨੂੰ ਗਿਰਫਤਾਰ ਕੀਤਾ. ਉਸਦੇ ਕਬਜ਼ੇ ਵਿੱਚੋਂ 258 ਗ੍ਰਾਮ ਹੈਰੋਇਨ, ਇੱਕ ਦੇਸੀ ਪਿਸਤੌਲ ਅਤੇ 6 ਜ਼ਿੰਦਾ ਰੌਂਦ ਬਰਾਮਦ ਕੀਤੇ। ਫੜੇ ਗਏ ਵਿਅਕਤੀ ਦੀ ਪਛਾਣ ਹਰਜਿੰਦਰ ਸਿੰਘ ਉਰਫ਼ ਗੋਰਾ ਵਜੋਂ ਹੋਈ ਏ ਤੇ ਓਹ ਜਲੰਧਰ ਦਾ ਰਹਿਣ ਵਾਲਾ ਏ. ਪੁਲਿਸ ਕਮਿਸ਼ਨਰ ਧਨ੍ਪ੍ਰੀਤ ਕੌਰ ਨੇ ਇਸ ਬਾਬਤ ਜਾਣਕਾਰੀ ਦਿੰਦਿਆਂ ਦੱਸਿਆ – byte –

ਪੁਲਿਸ ਕਮਿਸ਼ਨਰ ਨੇ ਕਮਿਸ਼ਨਰੇਟ ਪੁਲਿਸ ਜਲੰਧਰ ਵਲੋਂ ਜਲੰਧਰ ਨੂੰ ਸੁਰੱਖਿਅਤ ਅਤੇ ਨਸ਼ਾ ਮੁਕਤ ਬਣਾਉਣ ਲਈ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਖਤਮ ਕਰਨ ਅਤੇ ਆਦਤਨ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਆਪਣੇ ਦ੍ਰਿੜ ਇਰਾਦੇ ਨੂੰ ਵੀ ਦੁਹਰਾਇਆ।

--------------------------------------------------------

2 ਪੰਜਾਬ ਐਨ.ਸੀ.ਸੀ. ਬਟਾਲੀਅਨ ਦਾ ਦਸ ਰੋਜ਼ਾ ਦਿਨ-ਰਾਤ ਦਾ ਸਲਾਨਾ ਟ੍ਰੇਨਿੰਗ ਕੈਂਪ ਸੀ.ਟੀ. ਇੰਸਟੀਚਿਊਟ, ਸ਼ਾਹਪੁਰ, ਜਲੰਧਰ ਵਿੱਚ ਸ਼ੁਰੂ ਹੋ ਗਿਆ ਏ. ਇਸ ਵਿੱਚ 42 ਸਿੱਖਿਆ ਸੰਸਥਾਵਾਂ ਦੇ 600 ਐਨ.ਸੀ.ਸੀ. ਕੈਡੇਟਸ ਹਿੱਸਾ ਲੈ ਰਹੇ ਨੇ. ਕੈਂਪ ਵਿੱਚ ਐਨ.ਸੀ.ਸੀ. ਕੋਰਸ ਦੇ ਨਾਲ਼ ਫੌਜ ਦੇ ਕੋਰਸ ਵੀ ਚਲਾਏ ਜਾਣਗੇ। ਆਫ਼ਤਾਂ ਦੌਰਾਨ ਜਿੱਥੇ ਨਾਗਰਿਕਾਂ ਦੀ ਜ਼ਿੰਦਗੀ ਬਚਾਉਣ ਦੇ ਤਰੀਕੇ ਸਿਵਲ ਡਿਫੈਂਸ ਅਤੇ ਐਸ.ਡੀ.ਆਰ.ਐਫ. ਵੱਲੋਂ ਸਿਖਾਏ ਜਾਣਗੇ, ਉੱਥੇ ਅੱਗ ਦੀਆਂ ਕਿਸਮਾਂ ਅਤੇ ਅੱਗ ਬੁਝਾਉਣ ਦੇ ਤਰੀਕਿਆਂ ਦੀ ਜਾਣਕਾਰੀ ਵੀ ਅੱਗ ਬੁਝਾਊ ਅਮਲੇ ਵੱਲੋਂ ਦਿੱਤੀ ਜਾਵੇਗੀ। ਸਾਈਬਰ ਅਪਰਾਧ ਬਾਰੇ ਵੇਰਵੇ ਸਹਿਤ ਜਾਣਕਾਰੀ ਅਤੇ ਬਚਾਅ ਦੇ ਤਰੀਕਿਆਂ ਬਾਰੇ ਚੰਡੀਗੜ੍ਹ ਦੀ ਸਾਈਬਰ ਕਰਾਈਮ ਟੀਮ ਵੱਲੋਂ ਕੈਡੇਟਸ ਨੂੰ ਵੱਖ-ਵੱਖ ਸਰਕਾਰੀ ਵੈਬਸਾਈਟਾਂ ਅਤੇ ਫ਼ੋਨ ਨੰਬਰਾਂ ਦੀ ਜਾਣਕਾਰੀ ਦਿੱਤੀ ਜਾਵੇਗੀ।

------------------------------------------------------------

ਭਾਰੀ ਬਾਰਿਸ਼, ਬੱਦਲ ਫਟਣ, ਅਚਾਨਕ ਹੜ੍ਹ ਆਉਣ ਅਤੇ ਜ਼ਮੀਨ ਖਿਸਕਣ ਕਾਰਣ ਹਿਮਾਚਲ ਪ੍ਰਦੇਸ਼ ਵਿੱਚ ਆਮ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਏ. 20 ਜੂਨ ਤੋਂ, ਬਾਰਿਸ਼ ਨਾਲ ਸਬੰਧਤ ਘਟਨਾਵਾਂ ਵਿੱਚ 63 ਲੋਕਾਂ ਦੀ ਮੌਤ ਹੋ ਗਈ ਏ, 109 ਲੋਕ ਜ਼ਖਮੀ ਹੋਏ ਨੇ, ਅਤੇ 40 ਵਿਅਕਤੀ ਅਜੇ ਵੀ ਲਾਪਤਾ ਦੱਸੇ ਜਾ ਰਹੇ ਨੇ. ਮੌਸਮ ਵਿਭਾਗ ਨੇ ਅੱਜ ਅਤੇ ਭਲਕੇ ਲਈ ਰਾਜ ਵਿੱਚ ਕੁਝ ਥਾਵਾਂ 'ਤੇ ਭਾਰੀ ਬਾਰਿਸ਼ ਲਈ YELLOW ਅਲਰਟ ਜਾਰੀ ਕੀਤਾ ਏ ।

------------------------------------------------------------

ਓਧਰ ਉਤਰਾਖੰਡ ਵਿੱਚ ਭਾਰੀ ਮੀਂਹ ਕਾਰਨ ਜ਼ਮੀਨ ਖਿਸਕਣ ਕਰਕੇ ਚਾਰ ਧਾਮ ਯਾਤਰਾ ਰੂਟ ਸਮੇਤ ਸੜਕਾਂ ਬੰਦ ਹੋ ਗਈਆਂ ਨੇ । ਬੀਤੀ ਰਾਤ ਸੋਨਪ੍ਰਯਾਗ ਦੇ ਨੇੜੇ 40 ਤੋਂ ਵੱਧ ਕੇਦਾਰਨਾਥ ਸ਼ਰਧਾਲੂ ਫਸ ਗਏ ਸਨ ਪਰ SDRF ਵਲੋਂ ਉਨ੍ਹਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ। ਇਹ ਸੜਕ ਅਜੇ ਵੀ ਬੰਦ ਏ ਅਤੇ ਇਸਨੂੰ ਦੁਬਾਰਾ ਖੋਲ੍ਹਣ ਦੀਆਂ ਕੋਸ਼ਿਸ਼ਾਂ ਜਾਰੀ ਨੇ. ਯਾਤਰਾ ਇਸ ਸਮੇਂ ਰੁਕੀ ਹੋਈ ਏ.

-----------------------------------------------------------

ਇਧਰ ਪੰਜਾਬ ਵਿਚ ਅੱਜ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ ਅਤੇ ਕੁਝ ਥਾਵਾਂ 'ਤੇ ਝਖੜ ਵੀ ਆਏ ਨੇ. ਤਾਪਮਾਨ ਵਿਚ ਗਿਰਾਵਟ ਆਉਣ ਨਾਲ ਅੱਜ ਸੂਬੇ ਵਿਚ ਘੱਟੋ - ਘੱਟ ਤਾਪਮਾਨ 25 . 1 ਡਿਗਰੀ ਸੈਲਸੀਅਸ ਸ਼ਹੀਦ ਭਗਤ ਸਿੰਘ ਨਗਰ ਦੇ ਬਲੋਵਾਲ ਸੋਣਖਾਰੀ ਵਿਚ ਦਰਜ ਕੀਤਾ ਗਿਆ ਏ ਜਦਕਿ ਵਧ ਤੋਂ ਵਧ 39 ਡਿਗਰੀ ਸੈਲਸੀਅਸ ਬਠਿੰਡਾ 'ਚ ਦਰਜ ਹੋਇਆ ਏ. ਮੌਸਮ ਵਿਭਾਗ ਮੁਤਾਬਿਕ ਭਲਕੇ 4 ਅਤੇ 5 ਜੁਲਾਈ ਨੂੰ ਗਰਜ ਨਾਲ ਕੁਝ ਥਾਵਾਂ 'ਤੇ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਏ ਜਦਕਿ 6 ਅਤੇ 7 ਜੁਲਾਈ ਨੂੰ ਸੂਬੇ ਦੇ ਕਪੂਰਥਲਾ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਹੋਸ਼ੀਆਰਪੁਰ ਅਤੇ ਨਵਾਂ ਸ਼ਹਿਰ 'ਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਜਾਰੀ ਕੀਤਾ ਗਿਆ ਏ.

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਘਾਨਾ ਗਣਰਾਜ ਦੀ ਸੰਸਦ ਨੂੰ ਸੰਬੋਧਨ ਕੀਤਾ। ਪ੍ਰਧਾਨ ਮੰਤਰੀ ਨੇ ਭਾਰਤ ਨੂੰ ਲੋਕਤੰਤਰ ਦੀ ਜਨਣੀ ਦੱਸਿਆ
- ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸ਼ਹਿਰੀ ਸਥਾਨਕ ਸੰਸਥਾਵਾਂ ਦੇ

CHAIRPERSONS ਦੇ ਪਹਿਲੇ ਰਾਸ਼ਟਰੀ ਪੱਧਰੀ ਸੰਮੇਲਨ ਦਾ ਉਦਘਾਟਨ ਕੀਤਾ।

- ਲੁਧਿਆਣਾ ਪੱਛਮੀ ਤੋਂ ਨਵੇਂ ਚੁਣੇ ਗਏ 'ਆਪ' ਵਿਧਾਇਕ ਸੰਜੀਵ ਅਰੋੜਾ ਨੇ ਅੱਜ ਸਨਅਤ ਵਿਭਾਗ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਵਿਭਾਗ ਦਾ ਚਾਰਜ ਸੰਭਾਲਿਆ.
- ਕਮਿਸ਼ਨਰੇਟ ਪੁਲਿਸ ਜਲੰਧਰ ਵਲੋਂ 5 ਕਿਲੋ ਤੋਂ ਵੱਧ ਹੈਰੋਇਨ, 2 ਕਿਲੋ ਅਫੀਮ ਅਤੇ ਗੈਰ-ਕਾਨੂੰਨੀ ਹਥਿਆਰਾਂ ਸਮੇਤ 5 ਗ੍ਰਿਫ਼ਤਾਰ.
- ਹਿਮਾਚਲ ਪ੍ਰਦੇਸ਼ 'ਚ ਭਾਰੀ ਬਾਰਿਸ਼ ਨਾਲ ਸੰਬੰਧਿਤ ਘਟਨਾਵਾਂ 'ਚ ਹੁਣ ਤਕ 63 ਲੋਕਾਂ ਦੀ ਮੌਤ. ਜ਼ਮੀਨ ਖਿਸਕਣ ਕਾਰਣ ਚਾਰ dham ਯਾਤਰਾ ਰੁਕੀ. ਮੌਸਮ ਵਿਭਾਗ ਮੁਤਾਬਿਕ ਪੰਜਾਬ 'ਚ ਭਲਕੇ 4 ਤੇ 5 ਜੁਲਾਈ ਨੂੰ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ

**ਆਕਾਸ਼ਵਾਣੀ ਤੋਂ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ.**

**-ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ.**

**ਨਮਸਕਾਰ**